**ਪੰਜਾਬ ਸਰਕਾਰ**

**ਸਕੂਲ ਸਿੱਖਿਆ ਵਿਭਾਗ**

ਵੱਲ

ਸਮੂਹ ਜਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ./ਐ.ਸਿ.) ਅਤੇ
ਸਮੂਹ ਸਰਕਾਰੀ ਸਕੂਲਾਂ ਦੇ ਮੁਖੀ
ਪੰਜਾਬ ਰਾਜ।

ਮੀਮੋ ਨੰ: 15/24-2020 CO/ੲੲੲ/2021290029
ਮਿਤੀ: 26-08-2021

**ਵਿਸ਼ਾ:-** **ਅਧਿਆਪਕਾਂ ਦੁਆਰਾ ਜਿਲ੍ਹਾ ਪੱਧਰ ਤੇ ਪ੍ਰਾਪਤ ਕੀਤੇ ਜਾਣ ਵਾਲੇ ਐਵਾਰਡਾਂ ਸਬੰਧੀ।**

**1.0** ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

**2.0** ਇਹ ਵੇਖਣ ਵਿੱਚ ਆਇਆ ਹੈ ਕਿ ਬਹੁਤ ਸਾਰੇ ਅਧਿਆਪਕਾਂ ਨੂੰ ਜਿਲ੍ਹਾ ਪੱਧਰ ਤੇ ਵੱਖ-ਵੱਖ ਐਵਾਰਡਾਂ ਨਾਲ ਸਨਮਾਨਿਤ ਕੀਤਾ ਜਾ ਰਿਹਾ ਹੈ। ਪ੍ਰੰਤੂ ਇਹ ਵੀ ਧਿਆਨ ਵਿੱਚ ਆਇਆ ਹੈ ਕਿ ਅਧਿਆਪਕਾਂ ਦੁਆਰਾ ਇਹ ਐਵਾਰਡ ਸਬੰਧਤ ਜਿਲ੍ਹਾ ਸਿੱਖਿਆ ਅਫ਼ਸਰ/ਵਿਭਾਗ ਦੀਆਂ ਸਿਫਾਰਸ਼ਾਂ ਤੋਂ ਬਗੈਰ ਹੀ ਪ੍ਰਾਪਤ ਕੀਤੇ ਜਾ ਰਹੇ ਹਨ। ਕੁਝ ਕੇਸ ਇਸ ਤਰ੍ਹਾਂ ਦੇ ਵੀ ਧਿਆਨ ਵਿੱਚ ਆਏ ਹਨ, ਜਿੱਥੇ ਅਧਿਆਪਕਾਂ ਨੂੰ ਦਿੱਤੇ ਗਏ ਐਵਾਰਡਾਂ ਦਾ ਸਬੰਧ ਸਿੱਖਿਆ ਦੇ ਨਾਲ ਬਿਲਕੁਲ ਵੀ ਨਹੀਂ ਹੈ। ਇਹ ਮਾਮਲਾ ਸਿੱਧੇ ਤੌਰ ਤੇ ਟੀਚਰ ਟ੍ਰਾਂਸਫਰ ਪਾਲਿਸੀ ਨਾਲ ਜੁੜਿਆ ਹੋਇਆ ਹੈ ਕਿਉਂਕਿ ਅਧਿਆਪਕਾਂ ਨੂੰ ਬਦਲੀਆਂ ਦੌਰਾਨ ਇਨ੍ਹਾਂ ਐਵਾਰਡਾਂ ਦੇ ਵਾਧੂ ਅੰਕ ਦਿੱਤੇ ਜਾਂਦੇ ਹਨ।

**3.0** ਉਪਰੋਕਤ ਦੇ ਸਨਮੁੱਖ ਸਮੂਹ ਸਕੂਲ ਮੁਖੀਆਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸਬੰਧਤ ਜਿਲ੍ਹਾ ਸਿੱਖਿਆ ਅਫ਼ਸਰ/ਵਿਭਾਗ ਦੀ ਪ੍ਰਵਾਨਗੀ ਤੋਂ ਬਿਨਾਂ ਪ੍ਰਾਪਤ ਕੀਤੇ ਗਏ ਐਵਾਰਡਾਂ ਨੂੰ ਟੀਚਰ ਟ੍ਰਾਂਸਫਰ ਪਾਲਿਸੀ ਅਧੀਨ ਵਾਧੂ ਅੰਕਾਂ ਦਾ ਲਾਭ ਨਾ ਦਿੱਤਾ ਜਾਵੇ। ਇਸ ਤੋਂ ਇਲਾਵਾ ਇਹ ਵੀ ਲਿਖਿਆ ਜਾਂਦਾ ਹੈ ਕਿ ਵਿਭਾਗ ਦੀ ਸਿਫਾਰਿਸ਼ ਤੋਂ ਬਿਨਾਂ ਪ੍ਰਾਪਤ ਕੀਤੇ ਜਾਣ ਵਾਲੇ ਅਜਿਹੇ ਐਵਾਰਡਾਂ ਦਾ ਕਿਸੇ ਵੀ ਸਰਕਾਰੀ ਰਿਕਾਰਡ/ਸਰਵਿਸ ਬੁੱਕ ਆਦਿ ਵਿੱਚ ਇੰਦਰਾਜ ਨਾ ਕੀਤਾ ਜਾਵੇ।

**4.0** ਇਨ੍ਹਾਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ।

**ਸਕੱਤਰ ਸਕੂਲ ਸਿੱਖਿਆ**